# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**20:30**

**ਮਿਤੀ :15-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਇੱਕ ਆਲਮੀ ਖੇਡ ਮਹਾਸ਼ਕਤੀ ਬਣਨ ਲਈ ਪੂਰੀ ਤਰ੍ਹਾਂ ਤਿਆਰ ਏ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦਿਹਾਤੀ ਔਰਤਾਂ ਦੇ ਆਰਥਿਕ ਸ਼ਕਤੀਕਰਨ 'ਤੇ ਜ਼ੋਰ ਦਿੱਤਾ ਏ। ਰਾਸ਼ਟਰਪਤੀ ਨੇ ਅੱਜ ਵਿਜੇਵਾੜਾ ਵਿੱਚ ਵਿੱਚ ਰਾਸ਼ਟਰੀ ਸਰਸ ਮੇਲਾ 2026 ਦਾ ਉਦਘਾਟਨ ਕੀਤਾ।

- ਚੋਣ ਕਮਿਸ਼ਨ ਨੇ ਪੰਜਾਬ ਸਮੇਤ 17 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਵੋਟਰ ਸੂਚੀਆਂ ਦੀ ਇੱਕ, ਵਿਸ਼ੇਸ਼ ਸੰਖੇਪ ਸੋਧ (SSR) ਕਰਨ ਦੇ ਨਿਰਦੇਸ਼ ਦਿੱਤੇ ਨੇ।

- ਪੰਜਾਬ ‘ਚ ਨਸ਼ਾ ਵਿਰੋਧੀ ਕਾਰਜਕਰਤਾ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ, ਮੁੱਖ ਮੁਲਜ਼ਮ ਕੈਮਿਸਟ ਅਸ਼ਵਨੀ ਕੁਮਾਰ ਅਤੇ ਉਸਨੂੰ ਪਨਾਹ ਦੇਣ ਵਾਲੇ ਸਾਥੀ ਨੂੰ, 22 ਅਕਤੂਬਰ ਤੱਕ ਪੁਲਿਸ ਹਿਰਾਸਤ ਵਿੱਚ ਭੇਜਿਆ ਗਿਆ।

- ਰੱਖਿਆ ਮੰਤਰਾਲੇ ਵਲੋਂ ਭਾਰਤੀ ਹਵਾਈ ਫੌਜ ਲਈ GSAT-7 C ਸੰਚਾਰ ਉਪਗ੍ਰਹਿ ਅਤੇ ਭਾਰਤੀ ਸਮੁੰਦਰੀ ਫੌਜ ਲਈ ਤਾਰਪੀਡੋ ਵਰੁਣਾਸਤਰ ਦੀ ਖਰੀਦ ਲਈ 4 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਇਕਰਾਰਨਾਮੇ 'ਤੇ ਦਸਤਖਤ।

## *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਏਸ਼ਿਆਈ ਖੇਡਾਂ 2026 ਵਿੱਚ ਹਿੱਸਾ ਲੈਣ ਵਾਲੇ ਭਾਰਤੀ ਦਲ ਨਾਲ ਗੱਲਬਾਤ ਕੀਤੀ. ਇਸ ਮੌਕੇ ਬੋਲਦਿਆਂ ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਇੱਕ ਆਲਮੀ ਖੇਡ ਮਹਾਸ਼ਕਤੀ ਬਣਨ ਲਈ ਪੂਰੀ ਤਰ੍ਹਾਂ ਤਿਆਰ ਏ। ਸ਼੍ਰੀ ਮੋਦੀ ਨੇ ਏਸ਼ਿਆਈ ਖੇਡਾਂ ਦੇ ਚੈਂਪੀਅਨਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੇ ਤਿਰੰਗੇ ਦਾ ਮਾਣ ਵਧਾਇਆ ਏ. ਉਨ੍ਹਾਂ ਕਿਹਾ ਕਿ ਖਿਡਾਰੀਆਂ ਦੀਆਂ ਪ੍ਰਾਪਤੀਆਂ ਦਰਸਾਉਂਦੀਆਂ ਨੇ ਕਿ ਜਨੂੰਨ, ਦ੍ਰਿੜਤਾ ਅਤੇ ਵਿਸ਼ਵਾਸ, ਕੀ ਕੁਝ ਪ੍ਰਾਪਤ ਕਰ ਸਕਦਾ ਏ. 140 ਕਰੋੜ ਨਾਗਰਿਕਾਂ

ਲਈ ਅਥਾਹ ਮਾਣ ਲਿਆਉਣ ਲਈ ਐਥਲੀਟਾਂ ਦੀ ਤਾਰੀਫ਼ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਖਿਡਾਰੀਆਂ, ਉਨ੍ਹਾਂ ਦੇ ਕੋਚਾਂ, ਸਹਾਇਤਾ ਸਟਾਫ ਅਤੇ ਪਰਿਵਾਰਾਂ ਨੂੰ ਇਸ ਸਮੂਹਿਕ ਰਾਸ਼ਟਰੀ ਜਿੱਤ ਲਈ ਵਧਾਈ ਦਿੱਤੀ. ਏਸ਼ੀਆਈ ਖੇਡਾਂ ਵਿੱਚ ਪ੍ਰਾਪਤ ਇਤਿਹਾਸਕ ਮੀਲ ਪੱਥਰਾਂ ਨੂੰ ਯਾਦ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਮਰਦਾਂ ਅਤੇ ਔਰਤਾਂ ਦੀਆਂ ਹਾਕੀ ਟੀਮਾਂ ਦੀ ਸੋਨੇ ਦੇ ਤਮਗਿਆਂ ਦੀ ਦੋਹਰੀ ਜਿੱਤ ਦਾ ਜ਼ਿਕਰ ਕੀਤਾ, ਜਿਸ ਵਿੱਚ ਔਰਤਾਂ ਨੇ 44 ਸਾਲਾਂ ਦੀ ਉਡੀਕ ਖਤਮ ਕੀਤੀ –

**BYTE: PM ASIAN GAMES**

ਭਾਰਤ ਜਾਪਾਨ ਦੇ ਆਈਚੀ-ਨਾਗੋਆ ਵਿੱਚ ਹੋਈਆਂ ਏਸ਼ੀਆਈ ਖੇਡਾਂ ਵਿੱਚ 21 ਸੋਨੇ ਦੇ, 27 ਚਾਂਦੀ ਦੇ ਅਤੇ 37 ਕਾਂਸੀ ਦੇ ਤਮਗਿਆਂ ਸਮੇਤ 85 ਤਮਗੇ ਜਿੱਤ ਕੇ ਤਮਗਾ ਸੂਚੀ ਵਿੱਚ ਚੌਥੇ ਸਥਾਨ 'ਤੇ ਰਿਹਾ।

---------------------------------------------------

ਪਹਿਲਾਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵੀਡੀਓ ਕਾਨਫਰੰਸਿੰਗ ਰਾਹੀਂ, ਲੱਦਾਖ ਵਿੱਚ 3 ਹਜ਼ਾਰ 300 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਪੰਜ ਪ੍ਰਮੁੱਖ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ। ਇਸ ਮੌਕੇ, ਉਨ੍ਹਾਂ ਕਿਹਾ ਕਿ ਲੱਦਾਖ ਦਾ ਵਿਕਾਸ, ਕੇਂਦਰ ਸਰਕਾਰ ਦੀ ਮੁੱਖ ਤਰਜੀਹ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਪ੍ਰੋਜੈਕਟ ਲੱਦਾਖ ਵਿੱਚ ਸੰਪਰਕ ਸਹੂਲਤਾਂ ਨੂੰ ਮਜ਼ਬੂਤ ਕਰਨਗੇ।

**BYTE: PM ON LADAKH**

------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦਿਹਾਤੀ ਔਰਤਾਂ ਦੇ ਆਰਥਿਕ ਸ਼ਕਤੀਕਰਨ 'ਤੇ ਜ਼ੋਰ ਦਿੱਤਾ ਏ । ਰਾਸ਼ਟਰਪਤੀ ਨੇ ਕਿਹਾ ਕਿ 2047 ਤੋਂ ਪਹਿਲਾਂ ਵਿਕਸਿਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਔਰਤਾਂ ਦੀ ਸਰਗਰਮ ਹਿੱਸੇਦਾਰੀ ਮਹੱਤਵਪੂਰਨ ਹੋਵੇਗੀ। ਰਾਸ਼ਟਰਪਤੀ ਨੇ ਅੱਜ ਵਿਜੇਵਾੜਾ ਵਿੱਚ ਰਾਸ਼ਟਰੀ ਸਰਸ ਮੇਲਾ 2026 ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ ਔਰਤਾਂ ਆਤਮ -ਨਿਰਭਰ ਹੋ ਰਹੀਆਂ ਨੇ ਅਤੇ ਆਪਣੇ ਪਰਿਵਾਰਾਂ, ਦਿਹਾਤੀ ਆਰਥਿਕਤਾ ਅਤੇ ਰਾਸ਼ਟਰੀ ਵਿਕਾਸ ਵਿੱਚ ਅਹਿਮ ਯੋਗਦਾਨ ਪਾ ਰਹੀਆਂ ਨੇ-

**BYTE: PRESIDENT**

ਉਨ੍ਹਾਂ ਕਿਹਾ ਕਿ ਸਵੈ-ਸਹਾਇਤਾ ਸਮੂਹਾਂ ਨੇ ਖੇਤੀਬਾੜੀ, ਪਸ਼ੂ ਪਾਲਣ ਅਤੇ ਛੋਟੇ ਕਾਰੋਬਾਰਾਂ ਵਿੱਚ ਔਰਤਾਂ ਲਈ ਉਪਜੀਵਿਕਾ ਦੇ ਮੌਕੇ ਪੈਦਾ ਕੀਤੇ ਨੇ. ਸਰਸ ਮੇਲੇ ਨੂੰ ਦਿਹਾਤੀ ਵਿਕਾਸ ਲਈ ਇੱਕ ਮਹੱਤਵਪੂਰਨ ਮੰਚ ਦੱਸਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਇਹ ਔਰਤ ਉੱਦਮੀਆਂ ਨੂੰ ਆਪਣੇ ਉਤਪਾਦਾਂ ਦਾ ਵਿਖਾਲਾ ਕਰਨ, ਖਪਤਕਾਰਾਂ ਨਾਲ ਸਿੱਧੇ ਜੁੜਨ ਅਤੇ ਬਾਜ਼ਾਰਾਂ ਤੱਕ ਪਹੁੰਚ ਕਰਨ ਦੇ ਯੋਗ ਬਣਾਉਂਦਾ ਏ । ਕੇਂਦਰੀ

ਦਿਹਾਤੀ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ 3 ਕਰੋੜ ਲਖਪਤੀ ਦੀਦੀਆਂ ਦਾ ਟੀਚਾ ਤੈਅ ਸਮੇਂ ਤੋਂ ਪਹਿਲਾਂ ਹੀ ਪ੍ਰਾਪਤ ਕਰ ਲਿਆ ਗਿਆ ਏ। ਉਨ੍ਹਾਂ ਅੱਗੇ ਕਿਹਾ ਕਿ ਕੇਂਦਰ ਸਰਕਾਰ ਨੇ ਹੁਣ 6 ਕਰੋੜ ਲਖਪਤੀ ਦੀਦੀਆਂ ਦਾ ਟੀਚਾ ਰੱਖਿਆ ਏ, ਜਿਨ੍ਹਾਂ ਵਿੱਚੋਂ ਸਾਢੇ 3 ਕਰੋੜ ਔਰਤਾਂ ਪਹਿਲਾਂ ਹੀ ਇਹ ਮੀਲ ਪੱਥਰ ਪ੍ਰਾਪਤ ਕਰ ਚੁੱਕੀਆਂ ਨੇ।

---------------------------------------------------

ਚੋਣ ਕਮਿਸ਼ਨ ਨੇ 17 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਵੋਟਰ ਸੂਚੀਆਂ ਦੀ ਇੱਕ ਵਿਸ਼ੇਸ਼ ਸੰਖੇਪ ਸੋਧ (SSR) ਕਰਨ ਦੇ ਨਿਰਦੇਸ਼ ਦਿੱਤੇ ਨੇ, ਜਿਸਦੀ ਯੋਗਤਾ ਤਰੀਕ ਅਗਲੇ ਸਾਲ ਪਹਿਲੀ ਜਨਵਰੀ ਹੋਵੇਗੀ । ਇਨ੍ਹਾਂ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿਚ ਪੰਜਾਬ, ਰਾਜਸਥਾਨ, ਅੰਡੇਮਾਨ ਅਤੇ ਨਿਕੋਬਾਰ ਟਾਪੂ, ਅਸਾਮ, ਬਿਹਾਰ, ਛੱਤੀਸਗੜ੍ਹ, ਗੋਆ, ਗੁਜਰਾਤ, ਕੇਰਲ, ਲਕਸ਼ਦੀਪ, ਮੱਧ ਪ੍ਰਦੇਸ਼, ਮਨੀਪੁਰ, ਪੁਡੂਚੇਰੀ, ਤਾਮਿਲਨਾਡੂ, ਉੱਤਰ ਪ੍ਰਦੇਸ਼, ਉਤਰਾਖੰਡ ਅਤੇ ਪੱਛਮੀ ਬੰਗਾਲ ਸ਼ਾਮਿਲ ਨੇ। ਕਮਿਸ਼ਨ ਨੇ ਕਿਹਾ ਕਿ ਜਿਨ੍ਹਾਂ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੰਖੇਪ ਸੋਧ (SSR) ਚੱਲ ਰਹੀ ਏ ਜਾਂ ਹਾਲ ਹੀ ਵਿੱਚ ਪੂਰੀ ਹੋ ਗਈ ਏ, ਉੱਥੇ ਵਿਸ਼ੇਸ਼ ਸੰਖੇਪ ਸੋਧ (SSR) ਦੀ ਸਮਾਂ-ਸਾਰਣੀ ਦਾ ਐਲਾਨ ਬਾਅਦ ਵਿੱਚ ਕੀਤਾ ਜਾਵੇਗਾ।

-------------------------------------------------------

ਨਸ਼ਾ ਵਿਰੋਧੀ ਕਾਰਜਕਰਤਾ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ, ਮੁੱਖ ਮੁਲਜ਼ਮ ਕੈਮਿਸਟ ਅਸ਼ਵਨੀ ਕੁਮਾਰ ਅਤੇ ਉਸਨੂੰ ਪਨਾਹ ਦੇਣ ਵਾਲੇ ਸਾਥੀ ਵਿਪਿਨ ਗਰਗ ਨੂੰ 22 ਅਕਤੂਬਰ ਤੱਕ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਏ।

ਮਾਨਸਾ ਪੁਲਿਸ ਨੇ ਅੱਜ ਦੋਵਾਂ ਨੂੰ ਵੀਡੀਓ ਕਾਨਫਰੰਸ ਰਾਹੀਂ ਮੁੱਖ ਨਿਆਂਇਕ ਮਜਿਸਟਰੇਟ ਦੀ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਿਲ ਕੀਤਾ ਗਿਆ।

ਪੰਜਾਬ ਸਰਕਾਰ ਨੇ ਮਾਨਸਾ ਦੇ ਐਸ.ਐਚ.ਓ ਬੇਅੰਤ ਕੌਰ ਨੂੰ ਵੀ ਮੁਅੱਤਲ ਕਰ ਦਿੱਤਾ ਏ।

ਇਸ ਦੌਰਾਨ, ਪੰਜਾਬ ਬੰਦ ਦਾ ਮਿਲਿਆ-ਜੁਲਿਆ ਹੁੰਗਾਰਾ ਮਿਲਿਆ ਅਤੇ ਇਹ ਸ਼ਾਂਤੀਪੂਰਨ ਢੰਗ ਨਾਲ ਸਮਾਪਤ ਹੋਇਆ।

**ਇੱਕ ਰਿਪੋਰਟ** :

*ਮੰਗਲਵਾਰ ਨੂੰ ਮਾਨਸਾ ਵਿੱਚ ਪਰਵਿੰਦਰ ਸਿੰਘ ਦੇ ਕਤਲ ਦੇ ਵਿਰੋਧ ਵਿੱਚ ਬੰਦ ਦਾ ਸੱਦਾ ਦਿੱਤਾ ਗਿਆ ਸੀ। ਸੂਬੇ ਦੇ ਕਈ ਹਿੱਸਿਆਂ ਵਿੱਚ ਬਾਜ਼ਾਰ ਅਤੇ ਨਿੱਜੀ ਵਿਦਿਅਕ ਅਦਾਰੇ ਬੰਦ ਰਹੇ। ਕੁਝ ਥਾਵਾਂ 'ਤੇ ਮੁੱਖ ਅਤੇ ਅੰਦਰੂਨੀ ਸੜਕਾਂ ਵੀ ਜਾਮ ਕੀਤੀਆਂ ਗਈਆਂ। ਪ੍ਰਦਰਸ਼ਨਕਾਰੀਆਂ ਨੇ ਨਸ਼ਿਆਂ ਦੇ ਖਤਰੇ ਨੂੰ ਰੋਕਣ ਅਤੇ ਮੌਜੂਦਾ ਕਾਨੂੰਨ ਵਿਵਸਥਾ ਨੂੰ ਕੰਟਰੋਲ ਕਰਨ ਵਿੱਚ ਅਸਫਲ ਰਹਿਣ ਲਈ ਰਾਜ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। ਪੁਲਿਸ ਨੇ ਸ਼ਾਂਤੀ ਬਣਾਈ ਰੱਖਣ ਲਈ ਵਿਆਪਕ ਪ੍ਰਬੰਧ ਕੀਤੇ ਸਨ।*

*ਕਈ ਰਾਜਨੀਤਿਕ ਪਾਰਟੀਆਂ, ਕਿਸਾਨ ਯੂਨੀਅਨਾਂ ਅਤੇ ਵਪਾਰੀ ਸੰਗਠਨਾਂ ਨੇ ਬੰਦ ਨੂੰ ਸਮਰਥਨ ਦਿੱਤਾ।*

*ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਹਰਾਇਆ ਹੈ ਕਿ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਦੇ ਕਤਲ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।*

*ਰਾਜੇਸ਼ ਬਾਲੀ/ਆਕਾਸ਼ਵਾਣੀ ਨਿਊਜ਼/ਜਲੰਧਰ*

ਇਸ ਦੌਰਾਨ, ਲੁਧਿਆਣਾ ਵਿੱਚ, ਪੰਜਾਬ ਬੰਦ ਦੇ ਵਿਰੋਧ ਪ੍ਰਦਰਸ਼ਨ ਦੌਰਾਨ ਇੱਕ ਨੌਜਵਾਨ ਦੀ ਕਰੰਟ ਲੱਗਣ ਨਾਲ ਮੌਤ ਹੋ ਗਈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ।

---------------------------------------------------------------

ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਅਤੇ ਮੋਹਾਲੀ ਵਿੱਚ ਦੋ ਵੱਖ-ਵੱਖ ਕਾਰਵਾਈਆਂ ਵਿੱਚ 23 ਪਿਸਤੌਲ, ਦੋ ਹੱਥ ਗੋਲੇ , ਇਕ ਅਸਾਲਟ ਰਾਈਫਲ ਅਤੇ ਗੋਲੀ ਸਿੱਕਾ ਬਰਾਮਦ ਕੀਤਾ।

ਸੋਸ਼ਲ ਮੀਡੀਆ ਪੋਸਟਾਂ ਵਿੱਚ ਜਾਣਕਾਰੀ ਸਾਂਝੀ ਕਰਦੇ ਹੋਏ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ  ਕਿ ਦੋਵਾਂ ਮਾਮਲਿਆਂ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ 8 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ । ਤਿੰਨ ਵਿਅਕਤੀਆਂ ਦੇ ਮੋਹਾਲੀ ਮਾਡਿਊਲ

ਵਿੱਚ ਹਰਿਆਣਾ ਸਥਿਤ ਹਥਿਆਰ ਸਪਲਾਇਰ ਸ਼ਾਮਲ ਏ। ਮੋਹਾਲੀ ਦੇ ਐਸ.ਐਸ.ਪੀ ਵਰੁਣ ਸ਼ਰਮਾ ਨੇ ਵੇਰਵੇ ਸਾਂਝੇ ਕਰਦਿਆਂ ਕਿਹਾ -

**BYTE: SSP**

-------------------------------------------------------------

ਰੱਖਿਆ ਮੰਤਰਾਲੇ ਨੇ ਭਾਰਤੀ ਹਵਾਈ ਫੌਜ  ਲਈ GSAT-7 C ਸੰਚਾਰ ਉਪਗ੍ਰਹਿ ਅਤੇ ਭਾਰਤੀ ਸਮੁੰਦਰੀ ਫੌਜ ਲਈ ਭਾਰੀ ਵਜ਼ਨ ਵਾਲੇ ਤਾਰਪੀਡੋ ਵਰੁਣਾਸਤਰ ਦੀ ਖਰੀਦ ਲਈ 4 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਇਕਰਾਰਨਾਮੇ 'ਤੇ ਦਸਤਖਤ ਕੀਤੇ ਨੇ. ਇਹ ਸਮਝੌਤੇ ਨਵੀਂ ਦਿੱਲੀ ਵਿੱਚ ਰੱਖਿਆ ਮੰਤਰਾਲੇ ਦੇ ਵਧੀਕ ਸਕੱਤਰ ਅਤੇ ਖਰੀਦ ਦੇ ਡਾਇਰੈਕਟਰ ਜਨਰਲ ਏ। ਅੰਬਾਰਾਸੂ ਦੀ ਮੌਜੂਦਗੀ ਵਿੱਚ ਕੀਤੇ ਗਏ।

ਮੰਤਰਾਲੇ ਨੇ ਕਿਹਾ ਕਿ ਇਹ ਦੋਵੇਂ ਸਮਝੌਤੇ ਰੱਖਿਆ ਉਤਪਾਦਨ ਵਿੱਚ ਆਤਮ-ਨਿਰਭਰਤਾ ਨੂੰ ਉਤਸ਼ਾਹਿਤ ਕਰਨ ਅਤੇ ਅਹਿਮ ਤਕਨੋਲਜੀਆਂ ਦੇ ਸਵਦੇਸ਼ੀ ਵਿਕਾਸ ਵੱਲ ਮਹੱਤਵਪੂਰਨ ਕਦਮ ਨੇ।

-------------------------------------------------------------

ਸੁਪਰੀਮ ਕੋਰਟ ਨੇ NEET-PG 2026 ਦੀਆਂ ਉੱਤਰ ਕੁੰਜੀਆਂ ਅਤੇ ਉਮੀਦਵਾਰਾਂ ਦੇ ਜਵਾਬ, ਜਨਤਕ ਕਰਨ ਦੀ ਪ੍ਰਕਿਰਿਆ ਵਿੱਚ ਵਧੇਰੇ

ਪਾਰਦਰਸ਼ਤਾ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਕੇਂਦਰ ਸਰਕਾਰ ਅਤੇ ਰਾਸ਼ਟਰੀ ਮੈਡੀਕਲ ਕਮਿਸ਼ਨ ਤੋਂ ਜਵਾਬ ਮੰਗਿਆ ਏ। ਜਸਟਿਸ ਪੀ.ਐਸ. ਨਰਸਿਮਹਾ ਅਤੇ ਜਸਟਿਸ ਆਲੋਕ ਅਰਾਧੇ ਦੇ ਬੈਂਚ ਨੇ ਸਬੰਧਤ ਅਧਿਕਾਰੀਆਂ ਨੂੰ ਨੋਟਿਸ ਜਾਰੀ ਕੀਤੇ ਨੇ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਇੱਕ ਆਲਮੀ ਖੇਡ ਮਹਾਸ਼ਕਤੀ ਬਣਨ ਲਈ ਪੂਰੀ ਤਰ੍ਹਾਂ ਤਿਆਰ ਏ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦਿਹਾਤੀ ਔਰਤਾਂ ਦੇ ਆਰਥਿਕ ਸ਼ਕਤੀਕਰਨ 'ਤੇ ਜ਼ੋਰ ਦਿੱਤਾ ਏ। ਰਾਸ਼ਟਰਪਤੀ ਨੇ ਅੱਜ ਵਿਜੇਵਾੜਾ ਵਿੱਚ ਵਿੱਚ ਰਾਸ਼ਟਰੀ ਸਰਸ ਮੇਲਾ 2026 ਦਾ ਉਦਘਾਟਨ ਕੀਤਾ।

- ਚੋਣ ਕਮਿਸ਼ਨ ਨੇ ਪੰਜਾਬ ਸਮੇਤ 17 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਵੋਟਰ ਸੂਚੀਆਂ ਦੀ ਇੱਕ, ਵਿਸ਼ੇਸ਼ ਸੰਖੇਪ ਸੋਧ (SSR) ਕਰਨ ਦੇ ਨਿਰਦੇਸ਼ ਦਿੱਤੇ ਨੇ।

- ਪੰਜਾਬ ‘ਚ ਨਸ਼ਾ ਵਿਰੋਧੀ ਕਾਰਜਕਰਤਾ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ, ਮੁੱਖ ਮੁਲਜ਼ਮ ਕੈਮਿਸਟ ਅਸ਼ਵਨੀ ਕੁਮਾਰ

ਅਤੇ ਉਸਨੂੰ ਪਨਾਹ ਦੇਣ ਵਾਲੇ ਸਾਥੀ ਨੂੰ, 22 ਅਕਤੂਬਰ ਤੱਕ ਪੁਲਿਸ ਹਿਰਾਸਤ ਵਿੱਚ ਭੇਜਿਆ ਗਿਆ।

- ਰੱਖਿਆ ਮੰਤਰਾਲੇ ਵਲੋਂ ਭਾਰਤੀ ਹਵਾਈ ਫੌਜ ਲਈ GSAT-7 C ਸੰਚਾਰ ਉਪਗ੍ਰਹਿ ਅਤੇ ਭਾਰਤੀ ਸਮੁੰਦਰੀ ਫੌਜ ਲਈ ਤਾਰਪੀਡੋ ਵਰੁਣਾਸਤਰ ਦੀ ਖਰੀਦ ਲਈ 4 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਇਕਰਾਰਨਾਮੇ 'ਤੇ ਦਸਤਖਤ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!**